ਨੰ: 3/2/2010-3ਸਿ3/1175

ਪੰਜਾਬ ਸਰਕਾਰ

ਸਿੱਖਿਆ ਵਿਭਾਗ

(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ,
ਬਾਬਾ ਈਸਰ ਸਿੰਘ (ਨਾਨਕਸਰ) ਸੀਨੀਅਰ ਸੈਕੰਡਰੀ ਪਬਲਿਕ ਸਕੂਲ
ਲੁਧਿਆਣਾ।

ਮਿਤੀ,ਚੰਡੀਗੜ੍ਹ 30/5/10

ਵਿਸ਼ਾ:- **ਬਾਬਾ ਈਸਰ ਸਿੰਘ (ਨਾਨਕਸਰ) ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਲੁਧਿਆਣਾ ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜ ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।**

****

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾਂ ਸਮੇਤ ਹਲਫੀਆ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.), ਲੁਧਿਆਣਾ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ), ਪੰਜਾਬ, ਚੰਡੀਗੜ੍ਹ ਦੀਆਂ ਸ਼ਿਫਾਰਸਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵੀ ਸਿਕਾਇਤ /ਇੰਸ਼ਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾਂ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵਲੋਂ ਸਮੇਂ ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ ਸੀ.ਬੀ.ਐਸ.ਈ. ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ

ਚਲਦਾ ਪੰਨਾ/2

Scanned with CamScanner

ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3 ਸੀ.ਬੀ.ਐਸ.ਈ. ਨਵੀਂ ਦਿੱਲੀ ਦੀ ਐਫ਼ੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

4 ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਜਿਲ੍ਹਾ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾਂ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾਂ ਉਪਲਬੱਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ

----

ਪਿੱਠ ਅੰਕਣ ਨੰ: 3/2/2009-3ਸਿ3/ ਮਿਤੀ,ਚੰਡੀਗੜ੍ਹ

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ (ਸੈ.ਸਿ), ਪੰਜਾਬ,ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ: 15/19-2009 ਗ੍ਰਾਂਟ 1(3)/85 ਮਿਤੀ 4-9-2009 ਦੇ ਹਵਾਲੇ ਵਿੱਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਇੰਸ਼ਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸ਼ਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ, ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

2. ਬਾਬਾ ਈਸਰ ਸਿੰਘ (ਨਾਨਕਸਰ) ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਲੁਧਿਆਣਾ ਦੀ ਮਿਸਲ ਮੂਲ ਰੂਪ ਵਿੱਚ ਵਾਪਸ ਭੇਜੀ ਜਾਂਦੀ ਹੈ।

(ਨੱਥੀ ਮਿਸਲ)

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ

Scanned with CamScanner